Time : 3 hours Total Marks : 65

1. ਵਸਤੂਨਿਸ਼ਠ ਪ੍ਰਸ਼ਨ:- (10×1=10)

(ੳ) 'ਆਪ ਅੱਜ-ਕੱਲ੍ਹ ਕੀ ਕਰਦੇ ਹੋ? ਇਸ ਵਾਕ ਵਿੱਚ 'ਆਪ' ਸ਼ਬਦ ਕਿਸ ਪ੍ਰਕਾਰ ਦਾ ਪੜਨਾਂਵ ਹੈ?

(ਅ) 'ਉਪਕਾਰ' ਸ਼ਬਦ ਦਾ ਸਮਾਨਾਰਥਕ ਸ਼ਬਦ ਲਿਖੋ।

(ੲ) ਮਨ ਦੀ ਖੁਸ਼ੀ, ਗਮੀ, ਹੈਰਾਨੀ ਆਦਿ ਦੇ ਭਾਵਾਂ ਨੂੰ ਪ੍ਰਗਟ ਕਰਨ ਵਾਲੇ ਸ਼ਬਦਾਂ ਨੂੰ ਕੀ ਕਹਿੰਦੇ ਹਨ?

(ਸ) 'ਸੁਆਰਨਾ' ਸ਼ਬਦ ਦਾ ਵਿਰੋਧੀ ਸ਼ਬਦ ਲਿਖੋ।

(ਹ) 'ਸਾਰਿਆਂ ਦੀ ਸਾਂਝੀ, ਮਿਲਵੀ ਰਾਏ' ਬਹੁਤੇ ਸ਼ਬਦਾਂ ਦੀ ਥਾਂ ਇੱਕ ਸ਼ਬਦ ਲਿਖੋ।

(ਕ) ਧੁਨੀਆਂ ਨੂੰ ਲਿਖਤੀ ਰੂਪ ਵਿੱਚ ਅੰਕਿਤ ਕਰਨ ਲਈ ਵਰਤੇ ਜਾਂਦੇ ਚਿੰਨ੍ਹਾਂ ਨੂੰ ਕੀ ਕਹਿੰਦੇ ਹਨ?

(ਖ) ਗੁਰਮੁਖੀ ਲਿਪੀ ਵਿੱਚ ਕਿੰਨੀਆਂ ਲਗਾਂ ਦੀ ਵਰਤੋਂ ਕੀਤੀ ਜਾਂਦੀ ਹੈ?

(ਗ) ਵਿਆਕਰਨ ਦੇ ਕਿਸ ਭਾਗ ਅਧੀਨ ਭਾਸ਼ਾਈ ਧੁਨੀਆਂ ਦਾ ਅਧਿਐਨ ਕੀਤਾ ਜਾਂਦਾ ਹੈ?

(ਘ) 'ਉਹ ਕਮਰੇ ਵਿੱਚ ਪੜ੍ਹ ਰਿਹਾ ਹੈ।' ਵਾਕ ਵਿੱਚ ਕਿਹੜਾ ਕਾਲ-ਰੂਪ ਹੈ।

(ਙ) 'ਫ਼ਕੀਰ' ਸ਼ਬਦ ਦਾ ਇਸਤਰੀ-ਲਿੰਗ ਰੂਪ ਲਿਖੋ।

2. ਹੇਠ ਲਿਖੇ ਵਿਸ਼ਿਆਂ ਵਿੱਚੋਂ ਕਿਸੇ ਇੱਕ ਵਿਸ਼ੇ 'ਤੇ ਲਗਪਗ 400 ਸ਼ਬਦਾਂ ਦਾ ਲੇਖ ਲਿਖੋ:- (10)

(ੳ) ਗੁਰੂ ਗੋਬਿੰਦ ਸਿੰਘ ਜੀ (ਅ) ਦੁਸਹਿਰਾ

(ੲ) ਸ਼ਹੀਦ ਭਗਤ ਸਿੰਘ (ਸ) ਭਰੂਣ ਹੱਤਿਆ

(ਹ) ਲਾਇਬਰੇਰੀ

3. ਆਪਣੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖੋ ਜਿਸ ਵਿੱਚ ਮੈਰਿਜ-ਪੈਲਿਸਾਂ ਵਿੱਚ ਉੱਚੀ ਅਵਾਜ਼ ਵਿੱਚ ਡੀ.ਜੇ./ਸਾਉਂਡ-ਸਿਸਟਮ ਵਜਾਉਣ 'ਤੇ ਰੋਕ ਲਾਉਣ ਦੀ ਮੰਗ ਕੀਤੀ ਗਈ ਹੋਵੇ। (6)

ਜਾਂ

ਤੁਹਾਨੂੰ ਕੋਈ ਰਸਾਲਾ ਚੰਗਾ ਲੱਗਾ ਹੈ। ਇਸ ਰਸਾਲੇ ਦੀਆਂ ਸਿਫਤਾਂ ਦੱਸਦਿਆਂ ਉਸ ਦੇ ਸੰਪਾਦਕ ਨੂੰ ਚਿੱਠੀ ਲਿਖੋ ਕਿ ਤੁਸੀਂ ਉਸ ਰਸਾਲ ਦਾ ਛੰਦਾ ਭੇਜ ਦਿੱਤਾ ਹੈ ਅਤੇ ਰਸਾਲਾ ਤੁਹਾਡੇ ਘਰ ਦੇ ਪਤੇ ਉੱਤੇ ਭੇਜਣਾ ਸ਼ੁਰੂ ਕਰ ਦਿੱਤਾ ਜਾਵੇ।

4. ਹੇਠ ਲਿਖੇ ਪੈਰ੍ਹੇ ਦੀ ਸੰਖੇਪ ਰਚਨਾ ਲਗ-ਪਗ ਇਕ ਤਿਹਾਈ ਸ਼ਬਦਾਂ ਵਿੱਚ ਲਿਖੋ ਅਤੇ ਢੁੱਕਵਾਂ ਸਿਰਲੇਖ ਵੀ ਦਿਓ:- (5+1=6)

ਸਮਾਂ ਇੱਕ ਮਹਾਨ ਖਜ਼ਾਨਾ ਹੈ। ਅਮਰੀਕਾ, ਜਪਾਨ ਵਿੱਚ ਮੀਂਹ ਹੋਵੇ, ਹਨੇਰੀ ਹੋਵੇ, ਠੰਢ ਹੋਵੇ, ਗਰਮੀ ਹੋਵੇ, ਅੱਠ ਘੰਟੇ ਹਰ ਕੋਈ ਡਟ ਕੇ ਕੰਮ ਕਰਦਾ ਹੈ। ਦਫ਼ਤਰਾਂ ਵਿੱਚ, ਕਾਰਖਾਨਿਆਂ ਵਿੱਚ, ਖੇਤਾਂ ਵਿੱਚ ਵਿਸ਼ੇਸ਼ ਛੁੱਟੀਆਂ ਸਾਲ ਵਿੱਚ ਮਸਾਂ ਚਾਰ-ਪੰਜ ਹੁੰਦੀਆਂ ਹਨ। ਸਾਡੇ ਦੇਸ਼ ਵਿੱਚ ਕਿੰਨੀਆਂ ਹੀ ਛੁੱਟੀਆਂ, ਕਿੰਨੇ ਥੋੜ੍ਹੇ ਘੰਟੇ ਕੰਮ, ਸਵੇਰੇ ਸ਼ਾਮ ਧਾਰਮਿਕ ਸਥਾਨਾਂ ਵਿੱਚ ਸ਼ਰਧਾਲੂਆਂ ਦੇ ਇਕੱਠ, ਸਾਧੂਆਂ ਦੀ ਨਿੱਤ ਫੇਰੀ, ਮਰਨ ਜੰਮਣੇ ਤੇ ਵਿਆਹ ਆਦਿ। ਕਿਸੇ ਹੋਰ ਦੇਸ਼ ਵਿੱਚ

ਇਹਨਾਂ ਗੱਲਾਂ ਉੱਤੇ ਸਮਾਂ ਬਰਬਾਦ ਨਹੀਂ ਕੀਤਾ ਜਾਂਦਾ। ਹੋਰਨਾਂ ਦੇਸ਼ਾਂ ਵਿੱਚ ਭਾਵੇਂ ਕਿੰਨੀ ਵੀ ਬਰਫ਼ ਜੰਮੀ ਹੋਵੇ, ਕਾਮੇ ਪੂਰੇ ਅੱਠ ਵਜੇ ਆਪਣੇ ਕੰਮ ਉੱਤੇ ਪਹੁੰਚ ਜਾਂਦੇ ਹਨ। ਬਾਰ੍ਹਾਂ ਵਜੇ ਤੱਕ ਡਟ ਕੇ ਕੰਮ ਕੀਤਾ ਜਾਂਦਾ ਹੈ। ਕੰਮ ਦੇ ਸਮੇਂ ਵਿਚਕਾਰ ਇੱਕ-ਇੱਕ ਘੰਟਾ ਖਾਣਾ ਖਾ ਕੇ ਫਿਰ ਪੰਜ ਵਜੇ ਤੱਕ ਅਣਥੱਕ ਮਿਹਨਤ ਕੀਤੀ ਜਾਂਦੀ ਹੈ। ਇਸ ਕਾਰਨ ਕਿਹਾ ਜਾਂਦਾ ਹੈ ਕਿ ਉੱਥੇ ਕੰਮ-ਸੱਭਿਆਚਾਰ ਪ੍ਰਫੁੱਲਿਤ ਹੋ ਚੁੱਕਾ ਹੈ। ਇਹੀ ਕਾਰਨ ਹੈ ਕਿ ਉਹਨਾਂ ਦੀ ਪੈਦਾਵਾਰ ਸਾਡੇ ਨਾਲੋਂ ਕਈ ਗੁਣਾ ਵਧੇਰੇ ਹੁੰਦੀ ਹੈ।

5. ਹੇਠ ਲਿਖੇ ਮੁਹਾਵਰਿਆਂ ਵਿੱਚੋਂ ਕਿਸੇ ਤਿੰਨ ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤੋਂ ਕਿ ਅਰਥ ਸਪਸ਼ਟ ਹੋ ਜਾਣ:- (2×3=6)

(ੳ) ਅੱਡੀ ਨਾ ਲੱਗਣਾ (ਅ) ਸਿੱਕਾ ਜੰਮਣਾ

(ੲ) ਸ਼ੇਰ ਦੀ ਮੁੱਛ ਫੜਨਾ (ਸ) ਕਾਂਜੀ ਘੋਲਣਾ

(ਹ) ਖਾਨਿਓਂ ਜਾਣਾ (ਕ) ਪੈਰ ਜੰਮਣਾ

6. ਵਿਸ਼ਰਾਮ ਚਿੰਨ੍ਹ ਲਗਾ ਕੇ ਦੁਬਾਰਾ ਲਿਖੋ:- (6×½=3)

ਤਾਏ ਨੇ ਕਿਹਾ ਖੇਤੀ ਮਸ਼ੀਨੀ ਹੋ ਗਈ ਹੈ ਥਾਂ ਥਾਂ ਟਿਊਬਵੈੱਲ ਤੇ ਟ੍ਰੈਕਟਰ ਚੱਲ ਰਹੇ ਹਨ ਪਿੰਡਾਂ ਦੀ ਨੁਹਾਰ ਬਦਲ ਗਈ ਹੈ।

7. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਉ:-

(ੳ) 1. ਵਿਆਕਰਨ ਦੇ ਕਿੰਨੇ ਭਾਗ ਹਨ? (4)

2. ਪੰਜਾਬੀ ਦੀ ਟਕਸਾਲੀ ਭਾਸ਼ਾ ਕਿਹੜੀ ਹੈ?

3. ਨਾਸਿਕ ਵਿਅੰਜਨ ਧੁਨੀਆਂ ਕਿੰਨ੍ਹਾਂ ਨੂੰ ਕਹਿੰਦੇ ਹਨ?

(ਅ) ਗੁਰਮੁਖੀ ਲਿਪੀ ਦੇ ਹੋਰ ਕਿਹੜੇ-ਕਿਹੜੇ ਨਾਂ ਪ੍ਰਸਿੱਧ ਰਹੇ ਹਨ? (2)

8. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਉ:- (2)

(ੳ) ਸੁਰ ਧੁਨੀਆਂ ਕੀ ਹੁੰਦੀਆਂ ਹਨ?

(ਅ) ਬੋਲੀ ਤੇ ਲਿਪੀ ਦਾ ਕੀ ਸੰਬੰਧ ਹੈ?

9. (ੳ) ਨਾਂਵ ਜਾਂ ਸੰਬੰਧਕ ਦੀ ਪਰਿਭਾਸ਼ਾ ਉਦਾਹਰਨਾਂ ਸਹਿਤ ਲਿਖੋ।

(ਅ) ਕਿਰਿਆ ਵਿਸ਼ੇਸ਼ਣ ਦੀਆਂ ਕੋਈ ਦੋ ਕਿਸਮਾਂ ਉਦਾਹਰਨਾਂ ਸਹਿਤ ਲਿਖੋ। (2+2=4)

10. ਹੇਠ ਲਿਖੇ ਵਾਕ ਦਾ ਵਚਨ ਅਤੇ ਲਿੰਗ ਬਦਲਣ ਉਪਰੰਤ ਦੋ ਵੱਖਰੇ-ਵੱਖਰੇ ਵਾਕਾਂ ਵਿੱਚ ਲਿਖੋ:- (2)

ਛੋਟੀਆਂ ਲੜਕੀਆਂ ਖੇਡਦੀਆਂ ਹਨ।

11. ਹੇਠ ਲਿਖੇ ਵਾਕ ਨੂੰ ਭੂਤ-ਕਾਲ ਅਤੇ ਭਵਿੱਖਤ-ਕਾਲ ਵਿਚ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ:- (2)

ਉਹ ਖੇਡਦੀਆਂ ਹਨ।

12. (ੳ) 'ਹਾਰ' ਸ਼ਬਦ ਦੇ ਦੋ ਵੱਖ-ਵੱਖ ਅਰਥ ਦਰਸਾਉਂਦੇ ਵਾਕ ਬਣਾਉ।

(ਅ) 'ਨਿਰਮਲ' ਸ਼ਬਦ ਦਾ ਸਮਾਨਾਰਥਕ ਸ਼ਬਦ ਲਿਖ।

(ੲ) ਬਹੁਤੇ ਸ਼ਬਦਾਂ ਲਈ ਇੱਕ ਢੁਕਵਾਂ ਸ਼ਬਦ ਲਿਖ।

ਬਦੋ- ਬਦੀ ਅੱਗੇ ਹੋ ਮੋਹਰੀ ਬਣਨ ਵਾਲਾ (2+2+2=6)